**ਭੈਰਉ ਮਹਲਾ ੫ ॥ ਵਰਤ ਨ ਰਹਉ ਨ ਮਹ ਰਮਦਾਨਾ ॥ ਤਿਸੁ ਸੇਵੀ ਜੋ ਰਖੈ ਨਿਦਾਨਾ ॥੧॥ ਏਕੁ ਗੁਸਾਈ ਅਲਹੁ ਮੇਰਾ ॥ ਹਿੰਦੂ ਤੁਰਕ ਦੁਹਾਂ ਨੇਬੇਰਾ ॥੧॥ ਰਹਾਉ ॥ ਹਜ ਕਾਬੈ ਜਾਉ ਨ ਤੀਰਥ ਪੂਜਾ ॥ ਏਕੋ ਸੇਵੀ ਅਵਰੁ ਨ ਦੂਜਾ ॥੨॥ ਪੂਜਾ ਕਰਉ ਨ ਨਿਵਾਜ ਗੁਜਾਰਉ ॥ ਏਕ ਨਿਰੰਕਾਰ ਲੇ ਰਿਦੈ ਨਮਸਕਾਰਉ ॥੩॥ ਨਾ ਹਮ ਹਿੰਦੂ ਨ ਮੁਸਲਮਾਨ ॥ ਅਲਹ ਰਾਮ ਕੇ ਪਿੰਡੁ ਪਰਾਨ ॥੪॥ ਕਹੁ ਕਬੀਰ ਇਹੁ ਕੀਆ ਵਖਾਨਾ ॥ ਗੁਰ ਪੀਰ ਮਿਲਿ ਖੁਦਿ ਖਸਮੁ ਪਛਾਨਾ ॥੫॥੩॥** {ਪੰਨਾ 1136}

ਨੋਟ:- ਇਸ ਸ਼ਬਦ ਦਾ ਸਿਰਲੇਖ ਹੈ 'ਮਹਲਾ 5'। ਪਰ ਅਖ਼ੀਰ ਤੇ ਲਫ਼ਜ਼ 'ਨਾਨਕ' ਦੇ ਥਾਂ 'ਕਬੀਰ' ਹੈ। ਇਸ ਦਾ ਭਾਵ ਇਹ ਹੈ ਕਿ ਇਹ ਸ਼ਬਦ ਗੁਰੂ ਅਰਜਨ ਸਾਹਿਬ ਜੀ ਦਾ ਆਪਣਾ ਲਿਖਿਆ ਹੋਇਆ ਹੈ, ਪਰ ਹੈ ਇਹ ਕਬੀਰ ਜੀ ਦੇ ਕਿਸੇ ਸ਼ਬਦ ਦੇ ਪਰਥਾਇ। ਹੁਣ ਵੇਖੋ ਇਸੇ ਰਾਗ ਵਿਚ ਕਬੀਰ ਜੀ ਦਾ ਸ਼ਬਦ ਨੰਬਰ 7। ਉਸ ਵਿਚੋਂ ਹੇਠ-ਲਿਖੀਆਂ ਤੁਕਾਂ ਪੜ੍ਹ ਕੇ ਗੁਰੂ ਅਰਜਨ ਸਾਹਿਬ ਦੇ ਇਸ ਸ਼ਬਦ ਨਾਲ ਰਲਾਓ:

ਹਮਰਾ ਝਗਰਾ ਰਹਾ ਨ ਕੋਊ ॥ ਪੰਡਿਤ ਮੁਲਾਂ ਛਾਡੇ ਦੋਊ ॥1॥ਰਹਾਉ॥...
ਪੰਡਿਤ ਮੁਲਾਂ ਜੋ ਲਿਖਿ ਦੀਆ ॥ ਛਾਡਿ ਚਲੇ ਹਮ ਕਛੂ ਨ ਲੀਆ ॥3॥

ਗੁਰੂ ਅਰਜਨ ਸਾਹਿਬ ਆਪਣੇ ਸ਼ਬਦ ਵਿਚ ਕਬੀਰ ਜੀ ਦੇ ਦਿੱਤੇ ਖ਼ਿਆਲ ਦੀ ਵਿਆਖਿਆ ਕਰ ਰਹੇ ਹਨ।

ਪਦਅਰਥ:- ਰਹਉ—ਰਹਉਂ, ਮੈਂ ਰਹਿੰਦਾ ਹਾਂ। ਮਹ ਰਮਦਾਨਾ—ਮਾਹ ਰਮਜ਼ਾਨਾ, ਰਮਜ਼ਾਨ ਦਾ ਮਹੀਨਾ (ਜਦੋਂ ਰੋਜ਼ੇ ਰੱਖੇ ਜਾਂਦੇ ਹਨ)। ਤਿਸੁ—ਉਸ ਪ੍ਰਭੂ ਨੂੰ। ਸੇਵੀ—ਸੇਵੀਂ, ਮੈਂ ਸਿਮਰਦਾ ਹਾਂ। ਰਖੈ—ਰੱਖਿਆ ਕਰਦਾ ਹੈ। ਨਿਦਾਨਾ—ਆਖ਼ਰ ਨੂੰ।1।

ਗੁਸਾਈ—ਗੋ-ਸਾਈਂ, ਧਰਤੀ ਦਾ ਖਸਮ। ਅਲਹੁ—ਅੱਲਾ (ਮੁਸਲਮਾਨਾਂ ਦਾ ਨਾਮ ਪਰਮਾਤਮਾ ਵਾਸਤੇ)। ਦੁਹਾਂ ਨੇਬੇਰਾ—ਦੁਹਾਂ ਤੋਂ (ਸੰਬੰਧ) ਨਿਬੇੜ ਲਿਆ ਹੈ, ਦੋਹਾਂ ਨਾਲੋਂ ਮੁਕਾ ਲਿਆ ਹੈ।1। ਰਹਾਉ।

ਜਾਉ ਨ—ਜਾਉਂ ਨ, ਮੈਂ ਨਹੀਂ ਜਾਂਦਾ। ਏਕੋ ਸੇਵੀ—ਇਕ ਪਰਮਾਤਮਾ ਨੂੰ ਹੀ ਮੈਂ ਸਿਮਰਦਾ ਹਾਂ।2।

ਕਰਉ ਨ—ਕਰਉਂ ਨ, ਮੈਂ ਨਹੀਂ ਕਰਦਾ। ਨਿਵਾਜ—ਨਿਮਾਜ਼। ਨ ਗੁਜਾਰਉ—ਨ ਗੁਜਾਰਉਂ, ਮੈਂ ਨਹੀਂ ਗੁਜ਼ਾਰਦਾ, ਮੈਂ (ਨਿਮਾਜ਼) ਨਹੀਂ ਪੜ੍ਹਦਾ। ਲੈ—ਲੈ ਕੇ। ਰਿਦੈ—ਹਿਰਦੇ ਵਿਚ। ਨਮਸਕਾਰਉ—ਨਮਸਕਾਰਉਂ, ਮੈਂ ਸਿਰ ਨਿਵਾਂਦਾ ਹਾਂ।3।

ਹਮ—ਅਸੀ। ਪਿੰਡ—ਸਰੀਰ। ਪਰਾਨ—ਪ੍ਰਾਣ, ਜਿੰਦ। ਕੇ—ਦੇ (ਦਿੱਤੇ ਹੋਏ)।4।

ਕਹੁ—ਆਖ। ਕਬੀਰ—ਹੇ ਕਬੀਰ! ਗੁਰ ਮਿਲਿ—ਗੁਰੂ ਨੂੰ ਮਿਲ ਕੇ। ਪੀਰ ਮਿਲਿ—ਪੀਰ ਨੂੰ ਮਿਲ ਕੇ। ਖੁਦਿ—ਆਪਣਾ।5।

ਅਰਥ:- ਹੇ ਭਾਈ! (ਆਤਮਕ ਜੀਵਨ ਦੀ ਅਗਵਾਈ ਦੇ ਸੰਬੰਧ ਵਿਚ) ਮੈਂ ਹਿੰਦੂ ਅਤੇ ਤੁਰਕ ਦੋਹਾਂ ਨਾਲੋਂ ਹੀ ਸਾਂਝ ਮੁਕਾ ਲਈ ਹੈ। ਮੇਰਾ ਤਾਂ ਸਿਰਫ਼ ਉਹ ਹੈ (ਜਿਸ ਨੂੰ ਹਿੰਦੂ) ਗੁਸਾਈਂ (ਆਖਦਾ ਹੈ ਅਤੇ ਜਿਸ ਨੂੰ ਮੁਸਲਮਾਨ) ਅੱਲਾ (ਆਖਦਾ ਹੈ)।1। ਰਹਾਉ।

ਹੇ ਭਾਈ! ਨਾਹ ਮੈਂ (ਹਿੰਦੂ ਦੇ) ਵਰਤਾਂ ਦਾ ਆਸਰਾ ਲੈਂਦਾ ਹਾਂ, ਨਾਹ ਮੈਂ (ਮੁਸਲਮਾਨ ਦੇ) ਰਮਜ਼ਾਨ ਦੇ ਮਹੀਨੇ (ਵਿਚ ਰੱਖੇ ਰੋਜ਼ਿਆਂ ਦਾ)। ਮੈਂ ਤਾਂ (ਸਿਰਫ਼) ਉਸ ਪਰਮਾਤਮਾ ਨੂੰ ਸਿਮਰਦਾ ਹਾਂ ਜਿਹੜਾ ਆਖ਼ਿਰ (ਹਰੇਕ ਦੀ) ਰੱਖਿਆ ਕਰਦਾ ਹੈ।1।

ਹੇ ਭਾਈ! ਮੈਂ ਨਾਹ ਕਾਬੇ ਦਾ ਹੱਜ ਕਰਨ ਜਾਂਦਾ ਹਾਂ (ਜਿਵੇਂ ਮੁਸਲਮਾਨ ਜਾਂਦੇ ਹਨ), ਨਾਹ ਮੈਂ (ਹਿੰਦੂਆਂ ਵਾਂਗ) ਤੀਰਥਾਂ ਤੇ ਪੂਜਾ ਕਰਨ ਜਾਂਦਾ ਹਾਂ। ਮੈਂ ਤਾਂ ਸਿਰਫ਼ ਇੱਕ ਪਰਮਾਤਮਾ ਨੂੰ ਸਿਮਰਦਾ ਹਾਂ, ਕਿਸੇ ਹੋਰ ਦੂਜੇ ਨੂੰ ਨਹੀਂ

(ਸਿਮਰਦਾ)।2।

ਹੇ ਭਾਈ! ਮੈਂ ਨਾਹ (ਹਿੰਦੂਆਂ ਵਾਂਗ ਵੇਦ-) ਪੂਜਾ ਕਰਦਾ ਹਾਂ, ਨਾਹ (ਮੁਸਲਮਾਨ ਵਾਂਗ) ਨਿਮਾਜ਼ ਪੜ੍ਹਦਾ ਹਾਂ। ਮੈਂ ਤਾਂ ਸਿਰਫ਼ ਨਿਰੰਕਾਰ ਨੂੰ ਹਿਰਦੇ ਵਿਚ ਵਸਾ ਕੇ (ਉਸ ਅੱਗੇ) ਸਿਰ ਨਿਵਾਂਦਾ ਹਾਂ।3।

ਹੇ ਭਾਈ! (ਆਤਮਕ ਜੀਵਨ ਦੀ ਅਗਵਾਈ ਵਾਸਤੇ) ਨਾਹ ਅਸੀਂ ਹਿੰਦੂ (ਦੇ ਮੁਥਾਜ) ਹਾਂ, ਨਾਹ ਅਸੀਂ ਮੁਸਲਮਾਨ (ਦੇ ਮੁਥਾਜ) ਹਾਂ। ਸਾਡੇ ਇਹ ਸਰੀਰ ਸਾਡੀ ਇਹ ਜਿੰਦ (ਉਸ ਪਰਮਾਤਮਾ) ਦੇ ਦਿੱਤੇ ਹੋਏ ਹਨ (ਜਿਸ ਨੂੰ ਮੁਸਲਮਾਨ) ਅੱਲਾ (ਆਖਦਾ ਹੈ, ਜਿਸ ਨੂੰ ਹਿੰਦੂ) ਰਾਮ (ਆਖਦਾ ਹੈ)।4।

ਹੇ ਕਬੀਰ! ਆਖ—(ਹੇ ਭਾਈ!) ਮੈਂ ਤਾਂ ਇਹ ਗੱਲ ਖੋਲ੍ਹ ਕੇ ਦੱਸਦਾ ਹਾਂ ਕਿ ਮੈਂ ਆਪਣੇ ਗੁਰੂ-ਪੀਰ ਨੂੰ ਮਿਲ ਕੇ ਆਪਣੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਰੱਖੀ ਹੈ।5।3।